Punjabi - Number 23b
June 2022

# ਮੇਨਿੰਨਜੋਕੋਕਲ ਕੁਆਡਰੀਵੇਲੈਂਟ ਵੈਕਸੀਨਾਂ
# Meningococcal Quadrivalent Vaccines

ਬੀਮਾਰੀਆਂ ਤੋਂ ਬਚਾਉਣ ਲਈ ਟੀਕਾਕਰਣ ਨੇ ਪਿਛਲੇ 50 ਸਾਲਾਂ ਵਿੱਚ ਕੈਨੇਡਾ ਵਿੱਚ ਸਿਹਤ ਸੰਬੰਧੀ ਕਿਸੇ ਵੀ ਹੋਰ ਜਤਨ ਨਾਲੋਂ ਜਿਆਦਾ ਜਾਨਾਂ ਬਚਾਈਆਂ ਹਨ।

## ਮੇਨਿੰਨਜੋਕੋਕਲ ਕੁਆਡਰੀਵੇਲੈਂਟ ਵੈਕਸੀਨਾਂ ਕੀ ਹਨ?

ਮੈਨਿੰਨਜੋਕੋਕਲ ਕੁਆਡਰੀਵੇਲੈਂਟ ਵੈਕਸੀਨਾਂ 4 ਕਿਸਮਾਂ ਦੇ ਮੇਨਿੰਨਜੋਕੋਕਲ ਬੈਕਟੀਰੀਆ ਤੋਂ ਬਚਾਉਂਦੀਆਂ ਹਨ: A, C, Y, ਅਤੇ W ਕਿਸਮਾਂ।ਵੈਕਸੀਨ ਜਾਂ ਤਾਂ ਪੋਲੀਸੈਕਰਾਈਡ ਜਾਂ ਕੰਨਜੁਗੇਟ ਵੈਕਸੀਨਾਂ ਹਨ। ਬੀ.ਸੀ. ਵਿੱਚ ਵਰਤੀ ਜਾਣ ਵਾਲੀ ਕੰਨਜੁਗੇਟ ਵੈਕਸੀਨ ਬਿਮਾਰੀ ਦੇ ਵਿਰੁੱਧ ਲੰਬੇ ਸਮੇਂ ਲਈ ਸੁਰੱਖਿਆ ਪ੍ਰਦਾਨ ਕਰਦੀ ਹੈ। ਵੈਕਸੀਨ ਹੈਲਥ ਕੈਨੇਡਾ ਦੁਆਰਾ ਪ੍ਰਵਾਨਿਤ ਹੈ।

## ਮੈਨਿੰਨਜੋਕੋਕਲ ਕੁਆਡਰੀਵੇਲੈਂਟ ਕੰਨਜੁਗੇਟ ਵੈਕਸੀਨ ਕਿਸ ਨੂੰ ਲਗਵਾਉਣੀ ਚਾਹੀਦੀ ਹੈ?

ਇਹ ਵੈਕਸੀਨ ਗ੍ਰੇਡ 9 ਦੇ ਬੱਚਿਆਂ ਨੂੰ ਮੁਫ਼ਤ ਦਿੱਤੀ ਜਾਂਦੀ ਹੈ।

ਇਹ ਵੈਕਸੀਨ ਮੈਨਿੰਨਜੋਕੋਕਲ ਰੋਗ ਦੇ ਉੱਚ ਖਤਰੇ ਵਾਲੇ ਬੱਚਿਆਂ ਅਤੇ ਬਾਲਗਾਂ ਨੂੰ ਵੀ ਮੁਫਤ ਦਿੱਤੀ ਜਾਂਦੀ ਹੈ, ਜਿਨ੍ਹਾਂ ਵਿੱਚ ਇਹ ਸ਼ਾਮਲ ਹਨ, ਜਿਹਨਾਂ ਨੂੰ ਇਹ ਹੈ:

- ਤਿਲੀ ਨਾ ਹੋਣਾ, ਜਾਂ ਅਜਿਹੀ ਤਿਲੀ ਜੋ ਠੀਕ ਤਰ੍ਹਾਂ ਕੰਮ ਨਹੀਂ ਕਰ ਰਹੀ
- ਸਰੀਰ ਨੂੰ ਬੀਮਾਰੀ ਤੋਂ ਸੁਰੱਖਿਅਤ ਰੱਖਣ ਵਾਲੀ ਪ੍ਰਣਾਲੀ ਦੀਆਂ ਬੀਮਾਰੀਆਂ ਜਿਵੇਂ ਕਿ ਕੌਮਪਲੀਮੈਂਟ (complement), ਪ੍ਰੌਪੇਰਡਿੰਨ (properdin),ਅਤੇ ਫੈਕਟਰ ਡੀ ਡੇਫੀਸ਼ੈਂਸੀਆਂ ਜਾਂ ਪ੍ਰਾਇਮਰੀ ਐਂਟੀਬੌਡੀ ਡੇਫੀਸ਼ੈਂਸੀ
- ਇੱਕ ਆਈਲੇਟ ਸੈੱਲ ਜਾਂ ਠੋਸ ਅੰਗ ਟ੍ਰਾਂਸਪਲਾਂਟ, ਜਾਂ ਉਹ ਜਿਹੜੇ ਇਸ ਦੀ ਉਡੀਕ ਕਰ ਰਹੇ ਹਨ
- ਸਟੈਮ ਸੈੱਲ ਟਰਾਂਸਪਲਾਂਟ ਕੀਤਾ ਗਿਆ ਸੀ
- ਮੈਨਿੰਨਜੋਕੋਕਲ A, Y ਜਾਂ W ਬਿਮਾਰੀ ਵਾਲੇ ਕਿਸੇ ਵਿਅਕਤੀ ਦੇ ਨਜ਼ਦੀਕੀ ਸੰਪਰਕ ਵਿੱਚ ਰਹੇ ਹਨ, ਜਾਂ ਜਿਨ੍ਹਾਂ ਲੋਕਾਂ ਨੂੰ ਬੀ.ਸੀ. ਵਿੱਚ ਪਬਲਿਕ ਹੈਲਥ ਦੁਆਰਾ ਆਊਟਬ੍ਰੇਕ ਦੇ ਦੌਰਾਨ ਇਹਨਾਂ ਨਾਲ ਲਾਗ ਦੇ ਜੋਖਮ 'ਤੇ ਨਿਸ਼ਚਿਤ ਕੀਤਾ ਗਿਆ ਹੈ।

ਇੰਨਾਂ ਲੋਕਾਂ ਲਈ ਵੀ ਵੈਕਸੀਨ ਦੀ ਸਿਫਾਰਸ਼ ਕੀਤੀ ਜਾਂਦੀ ਹੈ, ਪਰ ਉਹ ਮੁਫਤ ਮੁਹੱਈਆ ਨਹੀਂ ਕਰਵਾਈ ਜਾਂਦੀ:

- ਨੇਮਕ ਤੌਰ ਨਾਲ ਮੇਨਿੰਨਜੋਕੋਕਲ ਬੈਰਟੀਰੀਆ ਦੇ ਸੰਪਰਕ ਵਿੱਚ ਆਉਣ ਵਾਲੇ ਪ੍ਰਯੋਗਸ਼ਾਲਾ ਕਰਮਚਾਰੀ
- ਸੈਨਾ ਅਮਲਾ
- ਅਜਿਹੇ ਖੇਤਰ ਵਿੱਚ ਰਹਿ ਰਹੇ ਅਤੇ ਉੱਥੇ ਸਫਰ ਕਰਨ ਵਾਲੇ ਲੋਕ ਜਿਥੇ ਮੇਨਿੰਨਜੋਕੋਕਲ ਬੀ ਬੀਮਾਰੀ ਦਾ ਉੱਚਾ ਖਤਰਾ ਹੈ

ਉੱਚੇ ਖਤਰੇ ਵਾਲੇ ਸਫਰ ਖੇਤਰਾਂ ਦੇ ਬਾਰੇ ਜਾਣਕਾਰੀ ਲਈ ਇੱਕ ਟਰੈਵਲ ਕਲੀਨਿਕ ਨਾਲ ਸੰਪਰਕ ਕਰੋ।

ਵੈਕਸੀਨ ਆਮ ਤੌਰ 'ਤੇ 1 ਖੁਰਾਕ ਵਜੋਂ ਦਿੱਤੀ ਜਾਂਦੀ ਹੈ। ਕੁਝ ਲੋਕਾਂ ਨੂੰ ਵੈਕਸੀਨ ਦੀਆਂ ਵਾਧੂ ਖੁਰਾਕਾਂ ਦੀ ਲੋੜ ਹੋ ਸਕਦੀ ਹੈ। ਇਹ ਪਤਾ ਲਗਾਉਣ ਲਈ ਕਿ ਕੀ ਤੁਹਾਨੂੰ ਹੋਰ ਖੁਰਾਕਾਂ ਦੀ ਲੋੜ ਹੈ ਅਤੇ ਤੁਹਾਨੂੰ ਉਹ ਕਦੋਂ ਮਿਲਣੀਆਂ ਚਾਹੀਦੀਆਂ ਹਨ, ਆਪਣੇ ਸਿਹਤ ਸੰਭਾਲ ਪ੍ਰਦਾਤਾ ਨਾਲ ਗੱਲ ਕਰੋ।

ਉਹ ਲੋਕ ਜੋ ਮੁਫਤ ਵੈਕਸੀਨ ਲਈ ਯੋਗ ਨਹੀਂ ਹਨ ਪਰ ਬਿਮਾਰੀ ਦੇ ਮੈਨਿੰਨਜੋਕੋਕਲ A, C, Y ਅਤੇ W ਦੇ ਸਟ੍ਰੇਨ ਤੋਂ ਸੁਰੱਖਿਅਤ ਰਹਿਣਾ ਚਾਹੁੰਦੇ ਹਨ, ਉਹ ਜ਼ਿਆਦਾਤਰ ਫਾਰਮੇਸੀਆਂ ਅਤੇ ਯਾਤਰਾ ਕਲੀਨਿਕਾਂ ਤੋਂ ਵੈਕਸੀਨ ਖਰੀਦ ਸਕਦੇ ਹਨ।

ਬੀਮਾਰੀਆਂ ਤੋਂ ਬਚਾਉਣ ਲਈ ਲਗਾਏ ਗਏ ਸਾਰੇ ਟੀਕਿਆਂ ਦਾ ਰਿਕਾਰਡ ਰੱਖਣਾ ਮਹੱਤਵਪੂਰਨ ਹੈ।

## ਵੈਕਸੀਨ ਲੈਣ ਦੇ ਕੀ ਲਾਭ ਹਨ?

ਵੈਕਸੀਨ ਮੈਨਿੰਨਜੋਕੋਕਲ ਲਾਗ, ਜੋ ਕਿ ਇੱਕ ਗੰਭੀਰ ਅਤੇ ਕਈ ਵਾਰ ਘਾਤਕ ਬਿਮਾਰੀ ਹੈ, ਤੋਂ ਬਚਾਉਣ ਦਾ ਸਭ ਤੋਂ ਵਧੀਆ ਤਰੀਕਾ ਹੈ।

ਜਦੋਂ ਤੁਸੀਂ ਟੀਕਾਕਰਣ ਕਰਵਾਉਂਦੇ ਹੋ, ਤਾਂ ਤੁਸੀਂ ਦੂਜਿਆਂ ਦੀ ਸੁਰੱਖਿਆ ਵਿੱਚ ਵੀ ਮਦਦ ਕਰਦੇ ਹੋ।

## ਵੈਕਸੀਨ ਦੇ ਬਾਦ ਦੀਆਂ ਸੰਭਾਵੀ ਪ੍ਰਤੀਕ੍ਰਿਆਵਾਂ ਕੀ ਹਨ?

ਵੈਕਸੀਨਾਂ ਬਹੁਤ ਸੁਰੱਖਿਅਤ ਹਨ। ਵੈਕਸੀਨ ਲਗਵਾਉਣਾ ਮੇਨਿੰਨਜੋਕੋਕਲ ਬੀਮਾਰੀ ਦਾ ਸ਼ਿਕਾਰ ਹੋਣ ਤੋਂ ਜਿਆਦਾ ਸੁਰੱਖਿਅਤ ਹੈ।

ਵੈਕਸੀਨ ਦੀਆਂ ਆਮ ਪ੍ਰਤੀਕ੍ਰਿਆਵਾਂ ਵਿੱਚ ਵੈਕਸੀਨ ਦਿੱਤੇ ਜਾਣ ਵਾਲੀ ਥਾਂ ਤੇ ਜਲਨ, ਲਾਲੀ, ਅਤੇ ਸੋਜ ਸ਼ਾਮਲ ਹੋ ਸਕਦੇ ਹਨ। ਵੈਕਸੀਨ ਲਗਵਾਉਣ ਤੋਂ ਬਾਅਦ ਸਿਰ ਦਰਦ, ਮਾਸਪੇਸ਼ੀਆਂ ਵਿੱਚ ਦਰਦ, ਥਕਾਵਟ, ਠੰਡ ਲਗਣਾ, ਬੁਖਾਰ ਅਤੇ ਮਤਲੀ ਵੀ ਹੋ ਸਕਦੀ ਹੈ। ਇਹ ਪ੍ਰਤੀਕ੍ਰਿਆਵਾਂ ਆਮਤੌਰ ਤੇ ਹਲਕੀਆਂ ਹੁੰਦੀਆਂ ਹਨ ਅਤੇ ਆਮਤੌਰ ਤੇ 1 ਤੋਂ 2 ਦਿਨ ਤੱਕ ਰਹਿੰਦੀਆਂ ਹਨ।

ਅਸੀਟਾਮੇਨੋਫੇਨ (Acetaminophen) (ਉਦਾਹਰਣ ਲਈ ਟਾਇਲੇਨੌਲ (Tylenol®)) ਜਾਂ ਆਈਬਿਊਪ੍ਰੋਫੇਨ (ibuprofen*) (ਉਦਾਹਰਣ ਲਈ ਐਡਵਿਲ (Advil®)) ਬੁਖਾਰ ਜਾਂ ਜਲਨ ਲਈ ਦਿੱਤੀ ਜਾ ਸਕਦੀ ਹੈ।ਏਐਸਏ (ASA) (ਉਦਾਹਰਣ ਲਈ ਐਸਪਰੀਨ (Aspirin®)) ਰੇ ਸਿੰਡਰੋਮ ਦੇ ਖਤਰੇ ਕਰਕੇ 18 ਸਾਲਾਂ ਤੋਂ ਘੱਟ ਉਮਰ ਦੇ ਕਿਸੇ ਵਿਅਕਤੀ ਨੂੰ ਨਹੀਂ ਦਿੱਤੀ ਜਾਣੀ ਚਾਹੀਦੀ।

* 6 ਮਹੀਨਿਆਂ ਤੋਂ ਘੱਟ ਉਮਰ ਦੇ ਬੱਚਿਆਂ ਨੂੰ ਪਹਿਲਾਂ ਆਪਣੇ ਸਿਹਤ ਸੰਭਾਲ ਪ੍ਰਦਾਤਾ ਦੇ ਨਾਲ ਗੱਲ ਕੀਤੇ ਬਿਨਾਂ ਆਈਬਿਊਪ੍ਰੋਫੇਨ ਨਹੀਂ ਦਿੱਤੀ ਜਾਣੀ ਚਾਹੀਦੀ।

ਰੇਏ ਸਿੰਡਰੋਮ ਬਾਰੇ ਹੋਰ ਜ਼ਿਆਦਾ ਜਾਣਕਾਰੀ ਲਈ ਹੈਲਥਲਿੰਕ ਬੀ.ਸੀ. ਫ਼ਾਈਲ HealthLinkBC File #84 ਰੇਏ ਸਿੰਨਡਰੋਮ ਦੇਖੋ

ਕੋਈ ਵੀ ਵੈਕਸੀਨ ਲਗਵਾਉਣ ਤੋਂ ਬਾਦ 15 ਮਿੰਟ ਤੱਕ ਕਲੀਨਿਕ ਵਿੱਚ ਰਹਿਣਾ ਜਰੂਰੀ ਹੈ ਕਿਉਂਕਿ ਐਨਾਫਲਾਕਸਿਸ ਨਾਮ ਦੀ ਜੀਵਨ ਨੂੰ ਖ਼ਤਰੇ ਵਿੱਚ ਪਾਉਣ ਵਾਲੀ ਅਲਰਜਿਕ ਪ੍ਰਤੀਕ੍ਰਿਆ ਦੀ ਅਤਿ ਵਿਰਲੀ, ਇੱਕ ਮਿਲਿਅਨ ਵਿੱਚੋਂ 1 ਤੋਂ ਵੀ ਘੱਟ, ਸੰਭਾਵਨਾ ਹੋ ਸਕਦੀ ਹੈ। ਇਸ ਵਿੱਚ ਛਪਾਕੀ, ਸਾਹ ਲੈਣ ਵਿੱਚ ਤਕਲੀਫ, ਜਾਂ ਗਲੇ, ਜੀਭ ਜਾਂ ਬੁਲਾਂ ਦੀ ਸੋਜ ਸ਼ਾਮਲ ਹੋ ਸਕਦੇ ਹਨ।ਜੇ ਅਜਿਹੀ ਪ੍ਰਤੀਕਿਰਿਆ ਹੁੰਦੀ ਹੈ ਤਾਂ ਤੁਹਾਡਾ ਸਿਹਤ ਸੰਭਾਲ ਪ੍ਰਦਾਤਾ ਇਸ ਦਾ ਇਲਾਜ ਕਰਨ ਲਈ ਤਿਆਰ ਹੈ।ਐਮਰਜੈਂਸੀ ਇਲਾਜ ਵਿੱਚ ਸ਼ਾਮਲ ਹੈ ਐਪੀਨੈਫਰਿੰਨ (ਐਡਰੇਨੇਲਿੰਨ) ਦੇਣਾ ਅਤੇ ਐਂਬੂਲੈਂਸ ਰਾਹੀਂ ਸਭ ਤੋਂ ਨਜ਼ਦੀਕੀ ਐਮਰਜੈਂਸੀ ਵਿਭਾਗ ਤੱਕ ਟਰਾਂਸਫਰ।ਜੇ ਅਜਿਹੇ ਲੱਛਣ ਤੁਹਾਡੇ ਕਲੀਨਿਕ ਤੋਂ ਜਾਣ ਤੋਂ ਬਾਦ ਵਿਕਸਤ ਹੁੰਦੇ ਹਨ, ਤਾਂ **9-1-1** ਜਾਂ ਸਥਾਨਕ ਐਮਰਜੈਂਸੀ ਨੰਬਰ ਉੱਤੇ ਫੋਨ ਕਰੋ।

ਸਾਰੀਆਂ ਗੰਭੀਰ ਜਾਂ ਅਣਿਆਈ ਪ੍ਰਤੀਕ੍ਰਿਆਵਾਂ ਬਾਰੇ ਆਪਣੀ ਸਿਹਤ ਦੀ ਦੇਖਭਾਲ ਦਾ ਪ੍ਰਬੰਧ ਕਰਨ ਵਾਲੇ ਨੂੰ ਹਮੇਸ਼ਾ ਦਸਣਾ ਮਹੱਤਵਪੂਰਨ ਹੈ।

## ਵੈਕਸੀਨ ਕਿਸ ਨੂੰ ਨਹੀਂ ਦਿੱਤੀ ਜਾਣੀ ਚਾਹੀਦੀ?

ਆਪਣੇ ਸਿਹਤ ਸੰਭਾਲ ਪ੍ਰਦਾਤਾ ਨਾਲ ਗੱਲ ਕਰੋ ਜੇਕਰ ਤੁਹਾਨੂੰ ਜਾਂ ਤੁਹਾਡੇ ਬੱਚੇ ਨੂੰ ਮੈਨਿੰਨਜੋਕੋਕਲ ਵੈਕਸੀਨ ਦੀ ਕਿਸੇ ਪਿਛਲੀ ਖ਼ੁਰਾਕ, ਜਾਂ ਮੈਨਿੰਨਜੋਕੋਕਲ ਕੁਆਡਰੀਵੇਲੈਂਟ ਕੰਨਜੁਗੇਟ ਵੈਕਸੀਨ ਦੇ ਕਿਸੇ ਵੀ ਹਿੱਸੇ ਪ੍ਰਤੀ ਜਾਨਲੇਵਾ ਪ੍ਰਤੀਕਿਰਿਆ ਹੋਈ ਹੈ।

ਜ਼ੁਕਾਮ ਜਾਂ ਹੋਰ ਹਲਕੀ ਬਿਮਾਰੀ ਦੇ ਕਾਰਨ ਟੀਕਾਕਰਨ ਵਿੱਚ ਦੇਰੀ ਕਰਨ ਦੀ ਕੋਈ ਲੋੜ ਨਹੀਂ ਹੈ। ਪਰ, ਜੇਕਰ ਤੁਹਾਨੂੰ ਚਿੰਤਾਵਾਂ ਹਨ ਤਾਂ ਆਪਣੇ ਸਿਹਤ ਸੰਭਾਲ ਪ੍ਰਦਾਤਾ ਨਾਲ ਗੱਲ ਕਰੋ।

## ਮੇਨਿੰਨਜੋਕੋਕਲ ਵਿਗਾੜ ਕੀ ਹੈ?

ਮੈਨਿੰਨਜੋਕੋਕਲ ਵਿਗਾੜ ਬੈਕਟੀਰੀਆ ਕਾਰਨ ਹੁੰਦੀ ਹੈ। ਬੀ.ਸੀ. ਵਿੱਚ A, C, Y, ਅਤੇ W ਕਿਸਮਾਂ ਦੇ ਕਾਰਨ ਮੈਨਿੰਨਜੋਕੋਕਲ ਲਾਗ ਬਹੁਤ ਘੱਟ ਹੁੰਦੀ ਹੈ। ਹਾਲਾਂਕਿ ਵਿਰਲੇ ਹੀ, ਇਹ ਮੈਨਿਨਜਾਈਟਿਸ, ਦਿਮਾਗ ਨੂੰ ਢੱਕਣ ਵਾਲੀ ਲਾਈਨਿੰਗ ਦੀ ਲਾਗ, ਅਤੇ ਸੈਪਟੀਸੀਮੀਆ, ਖ਼ੂਨ ਦੀ ਲਾਗ ਜਿਹੀਆਂ ਗੰਭੀਰ ਅਤੇ ਜਾਨਲੇਵਾ ਲਾਗਾਂ ਦਾ ਕਾਰਨ ਬਣ ਸਕਦੀ ਹੈ। ਬਿਮਾਰ ਹੋਣ ਵਾਲੇ ਹਰ 100 ਲੋਕਾਂ ਵਿੱਚੋਂ, 15 ਤੱਕ ਦੀ ਮੌਤ ਹੋ ਜਾਵੇਗੀ, ਭਾਵੇਂ ਉਹ ਇਲਾਜ ਕਰਵਾ ਲੈਂਦੇ ਹਨ। ਲਾਗ ਦੀਆਂ ਸਥਾਈ ਪੇਚੀਦਗੀਆਂ ਵਿੱਚ ਸ਼ਾਮਲ ਹਨ ਦਿਮਾਗ ਨੂੰ ਨੁਕਸਾਨ, ਬਹਿਰਾਪਨ, ਅਤੇ ਅੰਗਾਂ ਦਾ ਨੁਕਸਾਨ।

ਮੇਨਿੰਨਜੋਕੋਕਲ ਵਿਗਾੜ ਖੰਘਣ, ਛਿੱਕਣ ਜਾਂ ਨਿਕਟੀ ਆਮ੍ਹੋ ਸਾਮ੍ਹਣੇ ਦੇ ਸੰਪਰਕ ਨਾਲ ਇੱਕ ਵਿਅਕਤੀ ਤੋਂ ਦੂਜੇ ਤੱਕ ਫੈਲਦਾ ਹੈ।ਇਹ ਥੁੱਕ ਰਾਹੀਂ ਵੀ ਫੈਲ ਸਕਦਾ ਹੈ।ਇਹ ਚੁੰਮਣ ਵਰਗੀਆਂ ਗਤੀਵਿਧੀਆਂ ਕਰਨ, ਜਾਂ ਖਾਣਾ, ਪੇਯ, ਸਿਗਰਟਾਂ, ਲਿਪਸਟਿਕਾਂ, ਪਾਣੀ ਦੀਆਂ ਬੋਤਲਾਂ ਅਤੇ ਖੇਡਾਂ ਲਈ ਵਰਤੇ ਜਾਣ ਵਾਲੇ ਮਾਉਥ ਗਾਰਡ ਜਾਂ ਸੰਗੀਤ ਦੇ ਸਾਜਾਂ ਦੇ ਮੂੰਹ ਵਾਲੇ ਹਿੱਸਿਆਂ ਨੂੰ ਸਾਂਝਾ ਕਰਨ ਰਾਹੀਂ ਹੋ ਸਕਦਾ ਹੈ।

## ਸਿਆਣੇ ਨਾਬਾਲਗਾਂ ਦੀ ਸਹਿਮਤੀ

ਸਿਫ਼ਾਰਸ਼ ਕੀਤੀ ਜਾਂਦੀ ਹੈ ਕਿ ਮਾਪੇ ਜਾਂ ਸਰਪ੍ਰਸਤ ਅਤੇ ਉਨ੍ਹਾਂ ਦੇ ਬੱਚੇ ਟੀਕਾਕਰਣ (ਇਮਿਊਨਾਈਜ਼ੇਸ਼ਨ) ਲਈ ਸਹਿਮਤੀ ਬਾਰੇ ਚਰਚਾ ਕਰਨ।19 ਸਾਲ ਤੋਂ ਘੱਟ ਉਮਰ ਦੇ ਉਹ ਬੱਚੇ ਜਿਹੜੇ ਹਰ ਵੈਕਸੀਨ ਦੇ ਲਾਭ ਅਤੇ ਸੰਭਵ ਪ੍ਰਤੀਕਿਰਿਆਵਾਂ ਅਤੇ ਇਮਿਊਨਾਈਜ਼ੇਸ਼ਨ ਨਾ ਕਰਵਾਉਣ ਦੇ ਜੋਖਮ ਸਮਝਣ ਦੇ ਕਾਬਲ ਹੋਣ, ਕਾਨੂੰਨੀ ਤੌਰ ਤੇ ਇਮਿਊਨਾਈਜ਼ੇਸ਼ਨ ਲਈ ਸਹਿਮਤ ਹੋ ਸਕਦੇ ਜਾਂ ਇਨਕਾਰ ਕਰ ਸਕਦੇ ਹਨ।ਸਿਆਣੇ ਨਾਬਾਲਗਾਂ ਦੀ ਸਹਿਮਤੀ ਬਾਰੇ ਹੋਰ ਜਾਣਕਾਰੀ ਵਾਸਤੇ HealthLinkBC File #119 ਦ ਇੰਨਫੈਂਟਸ ਐਕਟ, ਸਿਆਣੇ ਨਾਬਾਲਗਾਂ ਦੀ ਸਹਿਮਤੀ ਅਤੇ ਇਮਿਊਨਾਈਜ਼ੇਸ਼ਨ ਦੇਖੋ।

BC Centre for Disease Control
Provincial Health Services Authority